**ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ, ਐੱਸ.ਏ.ਐੱਸ. ਨਗਰ**
**(ਸਕੂਲ ਆਫ ਐਮੀਨੈਂਸ)**

ਸੇਵਾ ਵਿਖੇ

ਸਮੂਹ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ.)
ਪੰਜਾਬ।

ਮੀਮੋ ਨੰ: 2024248109-117

ਮਿਤੀ: 23.09.2024

ਵਿਸ਼ਾ:- **ਸਕੂਲ ਆਫ਼ ਐਮੀਨੈਂਸ ਸਕੂਲਾਂ ਦੇ ਪ੍ਰਿੰਸੀਪਲਜ਼ ਲਈ ਵਾਧੂ ਡਿਊਟੀਆਂ ਤੋਂ ਛੋਟ ਸਬੰਧੀ।**

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਜ਼ਿਲ੍ਹਾ ਸਿੱਖਿਆ ਅਫ਼ਸਰਾਂ ਵੱਲੋਂ ਐਸ.ਓ.ਈ. ਸਕੂਲਾਂ ਦੇ ਪ੍ਰਿੰਸੀਪਲਜ਼ ਦੀਆਂ ਵਾਧੂ ਡਿਊਟੀਆਂ ਲਗਾ ਦਿੱਤੀਆਂ ਜਾਂਦੀਆਂ ਹਨ, ਜਿਸ ਕਾਰਨ ਉਨ੍ਹਾਂ ਦੀਆਂ ਮੁੱਢਲੀਆਂ ਭੂਮਿਕਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਦੀ ਸਮਰੱਥਾ ਵਿੱਚ ਰੁਕਾਵਟ ਆ ਰਹੀ ਹੈ।

ਸਕੂਲ ਆਫ਼ ਐਮੀਨੈਂਸ ਪ੍ਰੋਗਰਾਮ ਉੱਚ ਗੁਣਵੱਤਾ ਵਾਲੀ ਸਿੱਖਿਆ ਪ੍ਰਦਾਨ ਕਰਨ ਲਈ ਸਮਰਪਿਤ ਹੈ, ਅਤੇ ਪ੍ਰਿੰਸੀਪਲਜ਼ ਇਸ ਮਿਸ਼ਨ ਨੂੰ ਪ੍ਰਾਪਤ ਕਰਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।

ਇਸ ਸਮੇਂ ਵਿਭਾਗ ਵੱਲੋਂ ਸਕੂਲ ਆਫ਼ ਐਮੀਨੈਂਸ ਦੇ ਵਿਦਿਆਰਥੀਆਂ ਲਈ PACE(Punjab Aacademic Coaching for Excellence) Mock test and Artificial Intelligence Program, etc ਪ੍ਰੋਜੈਕਟ ਚਲਾਏ ਜਾ ਰਹੇ ਹਨ, ਜਿਹਨਾ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਸਕੂਲ ਪ੍ਰਿੰਸੀਪਲ ਦਾ ਸਕੂਲ ਵਿੱਚ ਹੋਣਾ ਲਾਜ਼ਮੀ ਹੈ। ਇਹਨਾਂ ਪ੍ਰੋਜੈਕਟਸ ਲਈ ਸਮੇਂ-ਸਮੇਂ ਤੇ ਕੀਤੀਆਂ ਜਾ ਰਹੀਆਂ ਆਨ ਲਾਈਨ ਮੀਟਿੰਗਾਂ ਵਿੱਚ ਵਾਧੂ ਡਿਊਟੀਆਂ ਦਾ ਹਵਾਲਾ ਦੇ ਕੇ ਮੀਟਿੰਗਜ਼ ਅਟੈਂਡ ਨਹੀਂ ਕੀਤੀਆਂ ਜਾਂਦੀਆਂ, ਜਿਸ ਨਾਲ ਵਿਭਾਗ ਦੀਆਂ ਹਦਾਇਤਾਂ ਲਾਗੂ ਕਰਨ ਵਿੱਚ ਦਿੱਕਤ ਆ ਰਹੀ ਹੈ।

ਇਸ ਕਰਕੇ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ.) ਨੂੰ ਇਹ ਪੱਤਰ ਭੇਜ ਕੇ ਲਿਖਿਆ ਜਾਂਦਾ ਹੈ ਕਿ ਉਹਨਾਂ ਵੱਲੋਂ ਸਕੂਲ ਆਫ਼ ਐਮੀਨੈਂਸ ਦੇ ਪ੍ਰਿੰਸੀਪਲਜ਼ ਨੂੰ ਕਿਸੇ ਤਰ੍ਹਾਂ ਦੀਆਂ ਵਾਧੂ ਡਿਊਟੀਆਂ ਨਾ ਦਿੱਤੀਆਂ ਜਾਣ ਤਾਂ ਜੋ ਪ੍ਰਿੰਸੀਪਲਜ਼ ਦਾ ਪੂਰਾ ਧਿਆਨ ਮੁੱਖ ਜ਼ਿੰਮੇਵਾਰੀਆਂ 'ਤੇ ਕੇਂਦਰਿਤ ਰਹੇ ਅਤੇ ਉਹ ਸਕੂਲ ਆਫ਼ ਐਮੀਨੈਂਸ ਦੀ ਸਮੁੱਚੀ ਗੁਣਵੱਤਾ ਨੂੰ ਵਧਾਉਣ ਵਿੱਚ ਆਪਣਾ ਯੋਗਦਾਨ ਪਾ ਸਕਣ।

**ਡਾਇਰੈਕਟਰ ਸਕੂਲ ਸਿੱਖਿਆ(ਸੈ:ਸਿ:)**
**ਪੰਜਾਬ**

ਪਿੱਠ ਅੰਕਣ ਨੰ. ਉਕਤ ਮਿਤੀ: 23.09.2024

ਓਪਰੋਕਤ ਦਾ ਓਤਾਰਾ ਹੇਠ ਲਿਖਿਆਂ ਨੰ ਸਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਨਿੱਜੀ ਸਕੱਤਰ/ ਸਕੱਤਰ ਸਕੂਲ ਸਿੱਖਿਆ, ਪੰਜਾਬ ਜੀ ।
2. ਪੀ.ਏ./ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ (C), ਪੰਜਾਬ ਜੀ ।
3. ਪੀ.ਏ./ਡਾਇਰੈਕਟਰ ਜਰਨਲ ਸਕੂਲ ਸਿੱਖਿਆ, ਪੰਜਾਬ ਜੀ।
4. ਪੀ.ਏ./ਡਾਇਰੈਕਟਰ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ ਜੀ ।
5. ਪੀ.ਏ./ਡਾਇਰੈਕਟਰ ਐਸ.ਸੀ.ਈ.ਆਰ.ਟੀ., ਪੰਜਾਬ ਜੀ ।
6. ਪ੍ਰਾਜੈਕਟ ਡਾਇਰੈਕਟਰ, ਮੈਰੀਟੋਰੀਅਸ ਸਕੂਲਜ਼, ਪੰਜਾਬ।
7. MIS, ਐੱਸ.ਐੱਸ.ਏ. ਅਤੇ ਈ-ਪੰਜਾਬ ਵੈਬਸਾਈਟ ਤੇ ਸਰਕੂਲਰ ਅਪਲੋਡ ਕਰਨ ਹਿੱਤ।
8. ਸਮੂਹ ਪ੍ਰਿੰਸੀਪਲਜ਼ ਸਕੂਲ ਆਫ਼ ਐਮੀਨੈਂਸ, ਪੰਜਾਬ।

23/9/24

**ਸਹਾਇਕ ਡਾਇਰੈਕਟਰ (ਐਸ.ਓ.ਈ.)**